ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਮੰਡੀਆਂ ਵਿੱਚ ਮਜ਼ਦੂਰਾਂ ਨੂੰ ਕੋਰੋਨਾ ਤੋਂ ਬਚਾਅ ਸਬੰਧੀ ਕੀਤਾ ਜਾ ਰਿਹਾ ਹੈ ਜਾਗਰੂਕ

ਚਨਾਰਥਲ ਕਲਾਂ ਦੀ ਮੰਡੀ ਵਿਖੇ ਸਿਹਤ ਵਿਭਾਗ ਦੇ ਮੁਲਾਜ਼ਮਾਂ ਨੇ ਮਜ਼ਦੂਰਾਂ ਨੂੰ ਬਿਮਾਰੀ ਤੋਂ ਬਚਾਅ ਸਬੰਧੀ ਦਿੱਤੀ ਜਾਣਕਾਰੀ

ਫਤਹਿਗੜ੍ਹ ਸਾਹਿਬ, 18 ਅਪ੍ਰੈਲ

ਕੋਰੋਨਾ ਵਾਇਰਸ ਤੋਂ ਬਚਾਅ ਲਈ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ  ਲੇਬਰ ਨੂੰ ਉਚੇਚੇ ਤੌਰ ਤੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਸਿਹਤ ਵਿਭਾਗ ਵੱਲੋਂ ਦੱਸੀਆਂ ਗਈਆਂ ਸਾਵਧਾਨੀਆਂ ਰੱਖਣ ਬਾਰੇ  ਜਾਣਕਾਰੀ ਦਿੱਤੀ ਜਾ ਰਹੀ ਹੈ। ਇਸੇ ਤਹਿਤ ਐਸ.ਐਮ.ਓ. ਚਨਾਰਥਲ ਡਾ ਰਮਿੰਦਰ ਕੌਰ ਦੀ ਅਗਵਾਈ ਵਿੱਚ ਚਨਾਰਥਲ ਕਲਾਂ ਦੀ ਮੰਡੀ ਵਿਖੇ  ਸਿਹਤ ਵਿਭਾਗ ਦੀ ਟੀਮ ਵੱਲੋਂ ਮਜ਼ਦੂਰਾਂ ਨੂੰ ਜਾਗਰੂਕ ਕੀਤਾ ਗਿਆ।

ਸਿਹਤ ਵਿਭਾਗ ਦੀ ਟੀਮ ਨੇ ਮਜ਼ਦੂਰਾਂ ਨੂੰ ਕਿਹਾ ਕਿ ਉਹ ਹਰ ਵੇਲੇ ਮਾਸਕ ਦੀ ਵਰਤੋਂ ਕਰਨ ਅਤੇ ਹੱਥਾਂ ਦੀ ਸਫਾਈ ਤੇ ਸੈਨੇਟਾਈਜੇਸ਼ਨ ਯਕੀਨੀ ਬਣਾਉਣ ਜਿਸ ਲਈ ਮੰਡੀਆਂ ਵਿਚ ਪ੍ਰਬੰਧ ਕੀਤੇ ਗਏ ਹਨ, ਨਾਲ ਹੀ ਉਨ੍ਹਾਂ ਨੂੰ ਮੰਡੀਆਂ ਦੇ ਵਿੱਚ ਸਮਾਜਿਕ ਦੂਰੀ ਬਣਾ ਕੇ ਰੱਖਣ ਲਈ ਵੀ ਪ੍ਰੇਰਿਤ ਕੀਤਾ ਗਿਆ। ਸਿਹਤ ਵਿਭਾਗ ਦੀ ਟੀਮ ਨੇ  ਦੱਸਿਆ ਕਿ ਕਿ ਸਿਹਤ ਵਿਭਾਗ  ਵੱਲੋਂ ਮੰਡੀਆਂ ਵਿੱਚ ਆਉਣ ਵਾਲੇ ਵਿਅਕਤੀਆਂ ਦੀ ਨਿਯਮਤ ਤੌਰ 'ਤੇ ਸਿਹਤ ਜਾਂਚ ਤਾਂ ਕੀਤੀ ਹੀ ਜਾ ਰਹੀ ਹੈ।  ਸਿਹਤ ਵਿਭਾਗ ਦੀ ਟੀਮ ਵਿੱਚ ਸੁਰਜੀਤ ਸਿੰਘ,  ਟੀ.ਲਾਲ ਅਤੇ ਚਰਨਵੀਰ ਸਿੰਘ ਟਿਵਾਣਾ ਸ਼ਾਮਲ ਸਨ।

ਕੈਪਸ਼ਨ : ਚਨਾਰਥਲ ਕਲਾਂ ਦੀ ਮੰਡੀ ਵਿਖੇ ਸਿਹਤ ਵਿਭਾਗ ਦੀ ਟੀਮ ਮਜ਼ਦੂਰਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਬਾਰੇ ਜਾਗਰੂਕ ਕਰਦੀ ਹੋਈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 1526 ਮੀਟਰਕ ਟਨ ਕਣਕ ਦੀ ਹੋਈ ਖਰੀਦ : ਡਿਪਟੀ ਕਮਿਸ਼ਨਰ

ਮੰਡੀਆਂ ਵਿੱਚ ਕਿਸਾਨਾਂ ਦੇ ਹੱਥਾਂ ਦੀ ਸਫਾਈ ਤੇ ਸੈਨੀਟਾਈਜੇਸ਼ਨ ਦਾ ਖਾਸ ਪ੍ਰਬੰਧ

ਮੰਡੀਆਂ ਵਿਚਲੀ ਲੇਬਰ ਤੇ ਮੰਡੀਆਂ ਵਿੱਚ ਆਉਣ ਵਾਲੇ ਹੋਰਨਾਂ ਵਿਅਕਤੀਆਂ ਨੂੰ ਮੁਹੱਈਆ ਕਰਵਾਏ ਗਏ ਹਨ ਮਾਸਕ

ਫ਼ਤਹਿਗੜ੍ਹ ਸਾਹਿਬ, 18 ਅਪ੍ਰੈਲ :

ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 1763 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ 1526 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ 193 ਮੀਟਰਕ ਟਨ, ਮਾਰਕਫੈਡ ਵੱਲੋਂ 643 ਮੀਟਰਕ ਟਨ, ਪਨਸਪ ਵੱਲੋਂ 214 ਮੀਟਰਕ ਟਨ ਅਤੇ ਵੇਅਰ ਹਾਊਸ ਵੱਲੋਂ 476 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਤੇ ਹੋਰਨਾਂ ਵਿਅਕਤੀਆਂ ਦੇ ਹੱਥ ਧੋਣ ਅਤੇ ਸੈਨੀਟਾਈਜੇਸ਼ਨ ਦਾ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕੀਤਾ ਗਿਆ ਹੈ ਅਤੇ ਕੰਮ ਕਰ ਰਹੀ ਲੇਬਰ ਤੇ ਮੰਡੀ ਵਿਚਲੇ ਹੋਰਨਾਂ ਵਿਅਕਤੀਆਂ ਨੂੰ ਮਾਸਕ ਉਪਲਬਧ ਕਰਵਾਏ ਗਏ ਹਨ ਤਾਂ ਜੋ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੰਡੀਆਂ ਵਿੱਚ ਭੀੜ ਹੋਣ ਤੋਂ ਰੋਕਣ ਲਈ ਆੜਤੀਆਂ ਵੱਲੋਂ ਕਿਸਾਨਾਂ ਨੂੰ ਟੋਕਨ ਜਾਰੀ ਕੀਤੇ ਗਏ ਹਨ ਅਤੇ ਜਿਹੜੇ ਕਿਸਾਨਾਂ ਨੂੰ ਜਿਸ ਦਿਨ ਲਈ ਟੋਕਨ ਜਾਰੀ ਕੀਤਾ ਗਿਆ ਹੈ ਉਹ ਕਿਸਾਨ ਉਸ ਅਨੁਸਾਰ ਹੀ ਮੰਡੀਆਂ ਵਿੱਚ ਆਪਣੀ ਫਸਲ ਲੈ ਕੇ ਆ ਰਹੇ ਹਨ ਤਾਂ ਜੋ ਕੋਵਿਡ-19 ਤੋਂ ਬਚਾਅ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਕਣਕ ਦੀ ਖਰੀਦ ਦੌਰਾਨ ਸਮਾਜਿਕ ਦੂਰੀ ਦਾ ਵੀ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਮੰਡੀਆਂ ਵਿੱਚ ਤਾਇਨਾਤ ਅਧਿਕਾਰੀਆਂ ਨੂੰ ਸਖਤ ਹਦਾਇਤਾਂ ਕੀਤੀਆਂ ਕੀਤੀਆਂ ਗਈਆਂ ਹਨ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਮੌਕੇ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ।
ਕੈਪਸ਼ਨ- ਬਸੀ ਪਠਾਣਾਂ ਅਨਾਜ ਮੰਡੀ ਵਿੱਚ ਪੁੱਜੀ ਕਣਕ ਦਾ ਦ੍ਰਿਸ਼।

ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਤਹਿਗੜ੍ਹ ਸਾਹਿਬ

ਸਿਹਤ ਵਿਭਾਗ ਵੱਲੋਂ ਫੀਵਰ ਸਰਵੇਖਣ

ਡੇਂਗੂ ਤੋਂ ਬਚਾਅ ਸਬੰਧੀ ਕੀਤਾ ਜਾ ਰਿਹਾ ਹੈ ਉਪਰਾਲਾ

ਫਤਿਹਗੜ੍ਹ ਸਾਹਿਬ 18 ਅਪਰੈਲ

ਸਿਵਲ ਸਰਜਨ ਫ਼ਤਹਿਗੜ੍ਹ ਸਾਹਿਬ ਡਾ ਐਨ ਕੇ ਅਗਰਵਾਲ ਅਤੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਮਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹੈਲਥ ਇੰਸਪੈਕਟਰ ਪ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਟੀਮ ਵੱਲੋਂ ਪਿੰਡ ਮੁੱਲਾਂਪੁਰ ਖੇੜੀ ਵਿਖੇ ਡੇਂਗੂ ਤੋਂ ਬਚਾਅ ਸਬੰਧੀ ਵਿਸ਼ੇਸ਼ ਫੀਵਰ ਸਰਵੇਖਣ ਕੀਤਾ ਗਿਆ।

ਜਿਸ ਸੰਬੰਧੀ ਜਾਣਕਾਰੀ ਦਿੰਦਿਆਂ ਹੈਲਥ ਇੰਸਪੈਕਟਰ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀਂ ਇਸ ਪਿੰਡ ਵਿੱਚ ਇੱਕ ਡੇਂਗੂ ਪੌਜੇਟਿਵ ਕੇਸ ਆਉਣ ਕਰਕੇ ਅੱਜ ਸਾਰੇ ਪਿੰਡ ਵਿਚ ਘਰ-ਘਰ ਜਾ ਕੇ ਫੀਵਰ ਸਰਵੇਖਣ ਕੀਤਾ ਗਿਆ ਹੈ, ਜਿਸ ਦੌਰਾਨ ਹੋਰ ਕੋਈ ਵੀ ਵਿਅਕਤੀ ਬੁਖ਼ਾਰ ਤੋਂ ਪੀੜਤ ਨਹੀਂ ਮਿਲਿਆ। ਇਸ ਪਿੰਡ ਦੀ ਇਕ ਮੋਟਰ ਦੇ ਚੁਬੱਚੇ ਵਿੱਚ ਖੜ੍ਹੇ ਪਾਣੀ ਵਿੱਚੋਂ ਮੱਛਰ ਦਾ ਲਾਰਵਾ ਮਿਲਿਆ ਜਿਸ ਦਾ ਜਾਂਚ ਲਈ ਨਮੂਨਾ ਵੀ ਲਿਆ ਗਿਆ।

ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਘਰਾਂ ਵਿੱਚ ਜਾਂ ਉਸਦੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ ਕਿਉਂਕਿ ਇਸ ਵਿੱਚ ਡੇਂਗੂ ਦਾ ਮੱਛਰ ਪਲਦਾ ਹੈ। ਮੱਛਰਾਂ ਤੋਂ ਬਚਾਅ ਲਈ ਮੱਛਰਦਾਨੀਆਂ, ਮੱਛਰ ਤੋ ਬਚਾਅ ਸਬੰਧੀ ਕਰੀਮਾਂ ਜਾਂ ਯੰਤਰਾਂ ਦਾ ਪ੍ਰਯੋਗ ਕੀਤਾ ਜਾਵੇ ਤਾਂ ਕਿ ਡੇਂਗੂ ਦੀ ਬਿਮਾਰੀ ਤੋਂ ਬਚਿਆ ਜਾ ਸਕੇ। ਸਰਵੇ ਕਰਨ ਵਾਲੀ ਟੀਮ ਵਿੱਚ ਮਲਟੀਪਰਪਜ਼ ਸਿਹਤ ਕਰਮਚਾਰੀ ਗੁਰਪ੍ਰੀਤ ਸਿੰਘ, ਨਰਿੰਦਰ ਸਿੰਘ, ਤਰਸੇਮ ਸਿੰਘ ਅਤੇ ਰਣਜੋਧ ਸਿੰਘ ਹਾਜ਼ਰ ਸਨ।

ਫੋਟੋ ਕੈਪਸਨ: ਪਿੰਡ ਮੁੱਲਾਂਪੁਰ ਖੇੜੀ ਵਿਖੇ ਡੇਂਗੂ ਸਰਵੇਖਣ ਕਰਨ ਗਈ ਟੀਮ।

ਜ਼ਿਲ੍ਹਾ ਲੋਕ ਸੰਪਰਕ ਅਫਸਰ ਫਤਿਹਗੜ੍ਹ ਸਾਹਿਬ

ਕੋਰੋਨਾ ਸਬੰਧੀ ਹੁਣ ਤੱਕ ਭੇਜੇ ਗਏ 98 ਸੈਂਪਲਾਂ 'ਚੋਂ 91 ਦੀ ਰਿਪੋਰਟ ਨੈਗੇਟਿਵ, 05 ਦੇ ਨਤੀਜੇ ਬਾਕੀ

ਜ਼ਿਲ੍ਹੇ ਵਿਚਲੇ ਕੋਰੋਨਾ ਵਾਇਰਸ ਦੇ 02 ਮਰੀਜ਼ ਗਿਆਨ ਸਾਗਰ ਹਸਪਤਾਲ਼ ਵਿਖੇ ਜ਼ੇਰੇ ਇਲਾਜ

ਫਤਹਿਗੜ੍ਹ ਸਾਹਿਬ, 18 ਅਪਰੈਲ

ਡਿਪਟੀ ਕਮਿਸ਼ਨਰ ਅੰਮ੍ਰਿਤ ਕੌਰ ਗਿੱਲ ਦੇ ਦਿਸ਼ਾ ਨਿਰਦੇਸ਼ ਮੁਤਾਬਕ ਜਿਲ੍ਹੇ ਅੰਦਰ ਕੋਵਿਡ -19 ਦੀ ਮਹਾਂਮਾਰੀ ਵਿਰੁੱਧ ਵਿੱਢੀ ਇਸ ਮੁਹਿੰਮ ਤਹਿਤ ਸਿਹਤ ਵਿਭਾਗ ਦੀਆਂ ਵੱਖ-ਵੱਖ ਟੀਮਾਂ ਗਠਿਤ ਕੀਤੀਆਂ ਗਈਆਂ ਹਨ।ਜ਼ਿਲੇ ਅੰਦਰ ਹੁਣ ਤੱਕ  ਔਰੰਗਾਬਾਦ ਤੋਂ ਆਏ 02 ਮਰੀਜ ਹੀ ਪੋਜ਼ੇਟਿਵ  ਆਏ ਹਨ। ਜ਼ਿਲ੍ਹੇ ਵਿੱਚ ਹੁਣ ਤੱਕ ਲਏ ਗਏ 98 ਸੈਂਪਲਾਂ ਵਿਚੋਂ 91 ਦੀ ਰਿਪੋਰਟ ਨੈਗੇਟਿਵ ਆਈ ਹੈ ਅਤੇ 05 ਦੀ ਰਿਪੋਰਟ ਆਉਣੀ ਅਜੇ ਬਾਕੀ ਹੈ। ਇਹ ਜਾਣਕਾਰੀ ਸਿਵਲ ਸਰਜਨ ਡਾ.ਐਨ. ਕੇ. ਅਗਰਵਾਲ ਨੇ ਸਾਂਝੀ ਕਰਦਿਆਂ ਦੱਸਿਆ ਕਿ ਇਸ ਭਿਆਨਕ ਬਿਮਾਰੀ ਤੋਂ ਬਚਾਅ ਲਈ ਲੋਕਾਂ ਨੂੰ ਜਾਗਰੂਕ ਕਰਨ ਵਾਸਤੇ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਘਰ ਤੋਂ ਬਾਹਰ ਜਾਣ ਸਮੇਂ ਹਰ ਵਿਅਕਤੀ ਨੂੰ ਮਾਸਕ ਪਾਉਣਾ ਲਾਜ਼ਮੀ ਹੈ ਜਾਂ ਕੋਈ ਕੱਪੜਾ ਮੂੰਹ ਤੇ ਲਪੇਟਿਆ ਹੋਣਾ ਚਾਹੀਦਾ ਹੈ। ਕੋਵਿਡ-19 ਦੇ ਨੋਡਲ ਅਫਸਰ ਡਾ.ਦੀਪਤੀ ਸ਼ਰਮਾ ਨੇ ਲੋਕਾਂ ਨੂੰ ਸਮਾਜਿਕ ਦੂਰੀ ਬਣਾ ਕਿ ਰੱਖਣ ਅਤੇ ਘਰਾਂ ਵਿਚ ਹੀ ਰਹਿਣ ਦੀ ਅਪੀਲ ਕੀਤੀ।

ਕੈਪਸ਼ਨ- ਸਿਵਲ ਸਰਜਨ ਡਾ ਐਨ ਕੇ ਅਗਰਵਾਲ ਜ਼ਿਲ੍ਹੇ ਵਿੱਚ ਕੋਰੋਨਾ ਵਾਇਰਸ ਸਬੰਧੀ ਲਏ ਗਏ ਸੈਂਪਲਾਂ ਬਾਰੇ ਜਾਣਕਾਰੀ ਦਿੰਦੇ ਹੋਏ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਕਰਫਿਊ ਅਤੇ ਕੋਰੋਨਾ ਵਾਇਰਸ ਸਬੰਧੀ ਹਦਾਇਤਾਂ ਦੀ ਉਲੰਘਣਾ ਦੇ ਦੋਸ਼ ਹੇਠ ਦੀਪਕ ਸਕੈਨਰਜ਼ ਦੇ ਮਾਲਕ ਅਤੇ ਦੋ ਸਹਾਇਕਾਂ ਖਿਲਾਫ ਕੇਸ ਦਰਜ

ਡਾਇਗਨੋਸਟਿਕ ਸੈਂਟਰ ਵਿੱਚ ਮੌਜੂਦ ਸਨ 20 ਤੋਂ ਵੱਧ ਮਰੀਜ਼ ; ਸੋਸ਼ਲ ਡਿਸਟੈਂਸਿੰਗ ਦਾ ਨਹੀਂ ਰੱਖਿਆ ਸੀ ਖਿਆਲ

ਫਤਹਿਗੜ੍ਹ ਸਾਹਿਬ, 18 ਅਪ੍ਰੈਲ

ਫਤਹਿਗੜ੍ਹ ਸਾਹਿਬ ਪੁਲਿਸ ਨੇ ਸਰਹਿੰਦ ਬਸੀ ਰੋਡ ਸਥਿਤ ਦੀਪਕ ਸਕੈਨਰਜ਼ ਡਾਇਗਨੋਸਟਿਕ ਸੈਂਟਰ ਦੇ ਮਾਲਕ ਡਾ ਦੀਪਕਜੋਤ ਸਿੰਘ ਅਤੇ ਉਸਦੇ ਦੋ ਸਹਾਇਕਾਂ ਜਗਦੀਪ ਸਿੰਘ ਤੇ ਜਗਦੇਵ ਸਿੰਘ ਖਿਲਾਫ ਕਰਫਿਊ ਅਤੇ ਕੋਰੋਨਾ ਵਾਇਰਸ ਸਬੰਧੀ ਹਦਾਇਤਾਂ ਦੀ ਉਲੰਘਣਾ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਿਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਨੇ ਦੱਸਿਆ ਥਾਣਾ ਫਤਹਿਗੜ੍ਹ ਸਾਹਿਬ ਦੇ ਇੰਚਾਰਜ ਜੀ. ਐਸ. ਸਿਕੰਦ ਦੀ ਅਗਵਾਈ ਵਿੱਚ ਸਰਹਿੰਦ ਮੰਡੀ ਚੌਂਕੀ ਦੀ ਪੁਲਿਸ ਵੱਲੋਂ ਕੀਤੀ ਜਾ ਰਹੀ ਗਸ਼ਤ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਦੀਪਕ ਸਕੈਨਰਜ਼ ਦੇ ਬਾਹਰ ਵੱਡੀ ਗਿਣਤੀ ਵਿੱਚ ਗੱਡੀਆਂ ਖੜ੍ਹੀਆਂ ਸਨ। ਜਦੋਂ ਪੁਲਿਸ ਨੇ ਅੰਦਰ ਜਾ ਕੇ ਚੈਕਿੰਗ ਕੀਤੀ ਤਾਂ ਡਾ. ਦੀਪਕਜੋਤ ਸਿੰਘ ਆਪਣੇ ਸਹਾਇਕਾਂ ਜਗਦੇਵ ਸਿੰਘ ਅਤੇ ਜਗਦੀਪ ਸਿੰਘ ਸਮੇਤ ਮਰੀਜ਼ਾਂ ਦੀ ਸਕੈਨਿੰਗ ਕਰ ਰਿਹਾ ਸੀ ਤੇ 20 ਦੇ ਕਰੀਬ ਮਰੀਜ਼ ਰਿਸ਼ੈਪਸ਼ਨ ਲਾਗੇ ਬੈਠੇ ਸਨ, ਜਿੰਨ੍ਹਾਂ ਦਾ ਆਪਸੀ ਫਾਸਲਾ ਬਹੁਤ ਹੀ ਘੱਟ ਸੀ I

ਜ਼ਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਕੋਰੋਨਾਂ ਵਾਇਰਸ ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਜਾਰੀ ਹਦਾਇਤਾਂ ਤੋਂ ਵੱਧ ਇਕੱਠ ਕਰਨ ਅਤੇ ਹੋਰ ਹਦਾਇਤਾਂ ਦੀ ਉਲੰਘਣਾਂ ਦੇ ਦੋਸ਼ ਹੇਠ ਡਾ. ਦੀਪਕਜੋਤ ਅਤੇ ਉਸਦੇ ਸਹਾਇਕਾਂ ਖਿਲਾਫ ਕੇਸ ਦਰਜ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਵੀ ਇਸ ਡਾਕਟਰ ਨੂੰ ਡੀ.ਐਸ. ਪੀ. ਫਤਹਿਗੜ੍ਹ ਸਾਹਿਬ ਰਮਿੰਦਰ ਸਿੰਘ ਕਾਹਲੋ ਅਤੇ ਥਾਣਾ ਫਤਹਿਗੜ੍ਹ ਸਾਹਿਬ ਦੇ ਇੰਚਾਰਜ ਜੀ. ਐਸ. ਸਿਕੰਦ ਵੱਲੋਂ ਨਿਯਮਾਂ ਦੀ ਪਾਲਣਾ ਸਬੰਧੀ ਚੇਤਾਵਨੀ ਦਿੱਤੀ ਗਈ ਸੀ ।

ਜ਼ਿਲ੍ਹਾ ਪੁਲਿਸ ਮੁਖੀ ਨੇ ਕਿਹਾ ਕਿ ਕੋਰੋਨਾ ਵਾਇਰਸ ਨੂੰ ਰੋਕਣ ਦੇ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨ ਮੁਤਾਬਿਕ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ ਅਤੇ ਘਰਾਂ ਵਿੱਚ ਰਹਿ ਕੇ ਹੀ ਇਸ ਸਮੱਸਿਆ ਦੇ ਹੱਲ ਵਿੱਚ ਯੋਗਦਾਨ ਪਾਉਣ।

ਕੈਪਸ਼ਨ : ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਇੰਚਾਰਜ ਜੀ.ਐਸ. ਸਿਕੰਦ ਦੀ ਅਗਵਾਈ ਵਿੱਚ ਦੀਪਕ ਸਕੈਨਰਜ਼ ਦੀ ਜਾਂਚ ਕਰਨ ਪੁੱਜੀ ਪੁਲਿਸ ਪਾਰਟੀ।

2. ਜ਼ਿਲ੍ਹਾ ਪੁਲਿਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਦੀਪਕ ਸਕੈਨਰਜ਼ ਖਿਲਾਫ ਦਰਜ਼ ਕੀਤੇ ਕੇਸ ਬਾਰੇ ਜਾਣਕਾਰੀ ਦਿੰਦੇ ਹੋਏ।